ਰਾਗੁ ਬੈਰਾੜੀ ਮਹਲਾ ੪ ਘਰੁ ੧ ਦੁਪਦੇ ੧ੴ ਸਤਿਗੁਰ ਪ੍ਰਸਾਦਿ ॥ ਸੁਨਿ ਮਨ ਅਕਥ ਕਥਾ ਹਰਿ ਨਾਮ ॥ ਰਿਧਿ ਬੁਧਿ ਸਿਧਿ ਸੁਖ ਪਾਵਹਿ ਭਜੁ ਗੁਰਮਤਿ ਹਰਿ ਰਾਮ ਰਾਮ ॥ ੧॥ ਰਹਾਉ ॥ ਨਾਨਾ ਖਿਆਨ ਪੁਰਾਨ ਜਸੁ ਊਤਮ ਖਟ ਦਰਸਨ ਗਾਵਹਿ ਰਾਮ ॥ ਸੰਕਰ ਕ੍ਰੋੜਿ ਤੇਤੀਸ ਧਿਆਇਓ ਨਹੀ ਜਾਨਿਓ ਹਰਿ ਮਰਮਾਮ ॥ ੧॥ ਸੁਰਿ ਨਰ ਗਣ ਗੰਧ੍ਰਬ ਜਸੁ ਗਾਵਹਿ ਸਭ ਗਾਵਤ ਜੇਤ ਉਪਾਮ ॥ ਨਾਨਕ ਕ੍ਰਿਪਾ ਕਰੀ ਹਰਿ ਜਿਨ ਕਉ ਤੇ ਸੰਤ ਭਲੇ ਹਰਿ ਰਾਮ ॥੨॥੧॥ {ਪੰਨਾ 719}

ਪਦਅਰਥ:- ਮਨ—ਹੇ ਮਨ! ਅਕਥ—ਉਹ ਪ੍ਰਭੂ ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ। ਅਕਥ ਕਥਾ—ਉਸ ਪ੍ਰਭੂ ਦੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ ਜਿਸ ਦਾ ਸਹੀ ਸਰੂਪ ਦੱਸਿਆ ਨਹੀਂ ਜਾ ਸਕਦਾ। ਰਿਧਿ—ਧਨ-ਪਦਾਰਥ। ਬੁਧਿ—ਅਕਲ। ਸਿਧਿ—ਕਰਾਮਾਤੀ ਤਾਕਤਾਂ। ਪਾਵਹਿ—ਤੂੰ ਪ੍ਰਾਪਤ ਕਰ ਲਏਂਗਾ। ਗੁਰਮਤਿ—ਗੁਰੂ ਦੀ ਸਿੱਖਿਆ ਉਤੇ ਤੁਰ ਕੇ।1। ਰਹਾਉ।

ਨਾਨਾਖਿਆਨ—ਨਾਨਾ ਆਖਿਆਨ। ਨਾਨਾ—ਕਈ ਕਿਸਮਾਂ ਦੇ। ਆਖਿਆਨ—ਪ੍ਰਸੰਗ। ਜਸੁ—ਸਿਫ਼ਤਿ-ਸਾਲਾਹ। ਖਟ ਦਰਸਨ—ਛੇ ਸ਼ਾਸਤ੍ਰ। ਗਾਵਹਿ—ਗਾਂਦੇ ਹਨ। ਸੰਕਰ—ਸ਼ਿਵ। ਮਰਮਾਮ—ਮਰਮ, ਭੇਤ।1।

ਸੁਰਿ—ਦੇਵਤੇ। ਨਰ—ਮਨੁੱਖ। ਗਣ—ਸ਼ਿਵ ਜੀ ਦੇ ਸੇਵਕ। ਗੰਧ੍ਰਬ—ਦੇਵਤਿਆਂ ਦੇ ਰਾਗੀ। ਜੇਤ—ਜਿਤਨੀ ਭੀ। ਉਪਾਮ—ਪੈਦਾ ਕੀਤੀ ਹੋਈ ਹੈ। ਕਰੀ—ਕੀਤੀ। ਜਿਨਿ ਕਉ—ਜਿਨ੍ਹਾਂ ਉਤੇ। ਤੇ—ਉਹ (ਬਹੁ-ਵਚਨ)।2।

ਅਰਥ:- ਹੇ (ਮੇਰੇ) ਮਨ! ਉਸ ਪਰਮਾਤਮਾ ਦਾ ਨਾਮ ਤੇ ਸਿਫ਼ਤਿ-ਸਾਲਾਹ ਸੁਣਿਆ ਕਰ ਜਿਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ। ਹੇ ਮਨ! ਗੁਰੂ ਦੀ ਮਤਿ ਉਤੇ ਤੁਰ ਕੇ ਪਰਮਾਤਮਾ ਦਾ ਭਜਨ ਕਰਿਆ ਕਰ। ਤੂੰ ਧਨ-ਪਦਾਰਥ, ਉੱਚੀ ਅਕਲ, ਕਰਾਮਾਤੀ ਤਾਕਤਾਂ, ਸਾਰੇ ਸੁਖ (ਹਰਿ-ਨਾਮ ਵਿਚ ਹੀ) ਪ੍ਰਾਪਤ ਕਰ ਲਏਂਗਾ।1। ਰਹਾਉ।

ਹੇ ਮਨ! (ਉਸ ਅਕਥ ਪਰਮਾਤਮਾ ਦਾ ਸਿਮਰਨ ਕਰਿਆ ਕਰ ਜਿਸ ਦਾ) ਉੱਤਮ ਜਸ (ਮਹਾ ਭਾਰਤ ਆਦਿਕ) ਅਨੇਕਾਂ ਪ੍ਰਸੰਗ, ਪੁਰਾਣ ਅਤੇ ਛੇ ਸ਼ਾਸਤਰ ਗਾਂਦੇ ਹਨ (ਪਰ ਉਸ ਦਾ ਅੰਤ ਨਹੀਂ ਪਾ ਸਕੇ)। ਸ਼ਿਵ ਜੀ ਅਤੇ ਤੇਤੀ ਕ੍ਰੋੜ ਦੇਵਤਿਆਂ ਨੇ ਭੀ ਉਸ ਦਾ ਧਿਆਨ ਧਰਿਆ, ਪਰ ਉਸ ਹਰੀ ਦਾ ਭੇਤ ਨਹੀਂ ਪਾਇਆ।1।

(ਹੇ ਮਨ! ਉਸ ਪਰਮਾਤਮਾ ਦੀ ਕਥਾ ਸੁਣਿਆ ਕਰ ਜਿਸ ਦਾ) ਜਸ ਦੇਵਤੇ ਮਨੁੱਖ ਗਣ ਗੰਧਰਬ ਗਾਂਦੇ ਆ ਰਹੇ ਹਨ, ਜਿਤਨੀ ਭੀ ਪੈਦਾ ਕੀਤੀ ਹੋਈ ਸ੍ਰਿਸ਼ਟੀ ਹੈ ਸਾਰੀ ਜਿਸ ਦੇ ਗੁਣ ਗਾਂਦੀ ਹੈ। ਹੇ ਨਾਨਕ! (ਆਖ—ਹੇ ਮਨ!) ਪਰਮਾਤਮਾ ਜਿਨ੍ਹਾਂ ਮਨੁੱਖਾਂ ਉਤੇ ਕਿਰਪਾ ਕਰਦਾ ਹੈ, ਉਹ ਮਨੁੱਖ ਉੱਚੇ ਜੀਵਨ ਵਾਲੇ ਸੰਤ ਬਣ ਜਾਂਦੇ ਹਨ ਉਂਞ ਉਸ ਦਾ ਭੇਤ ਕੋਈ ਨਹੀਂ ਪਾ ਸਕਦਾ)।2।1।